# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-08-2024**

- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ, ਕਿ ਹਰ ਘਰ ਤਿਰੰਗਾ ਮੁਹਿੰਮ ਦੇਸ਼ ਦੀ ਆਜ਼ਾਦੀ, ਗੌਰਵ ਤੇ ਵਿਕਸਤ ਭਾਰਤ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਏ ।
- “ਹਰ ਘਰ ਤਿਰੰਗਾ” ਮੁਹਿੰਮ ਤਹਿਤ,CRPF ਦੇ ਜਵਾਨਾਂ ਨੇ, ਕਪੂਰਥਲਾ ਤੇ ਰੈਪਿਡ ਐਕਸ਼ਨ ਫੋਰਸ ਦੇ ਜਵਾਨਾਂ ਨੇ ਜਲੰਧਰ ਵਿਚ ਰੈਲੀਆਂ ਕੱਢੀਆਂ ।
- ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਨੇ, "NIRF.-ਇੰਡੀਆ ਰੈਂਕਿੰਗਜ਼ 2024' ਦੀ 'ਯੂਨੀਵਰਸਿਟੀ ਸ਼੍ਰੇਣੀ' ਵਿੱਚ 83ਵਾਂ ਸਥਾਨ ਪ੍ਰਾਪਤ ਕੀਤਾ ਏ ।
- ਤਰਨਤਾਰਨ ਜ਼ਿਲੇ ਦੇ ਪਿੰਡ ਡੱਲ 'ਚ, ਕੌਮਾਂਤਰੀ ਸਰਹੱਦ ਪਾਰ ਕਰਦਾ, ਇਕ ਪਾਕਿਸਤਾਨੀ ਘੁਸਪੈਠੀਆ ਸੀਮਾ ਸੁਰੱਖਿਆ ਬੱਲ ਦੇ ਜਵਾਨਾਂ ਵਲੋਂ ਢੇਰ ।

---

ਆਜ਼ਾਦੀ ਦਿਵਸ ਦੇ ਜਸ਼ਨਾਂ ਦੇ ਹਿੱਸੇ ਵਜੋਂ, ਹਰ ਘਰ ਤਿਰੰਗਾ ਮੁਹਿੰਮ ਤਹਿਤ, ਦੇਸ਼ ਭਰ ਵਿੱਚ ਰੈਲੀਆਂ ਕੀਤੀਆਂ ਜਾ ਰਹੀਆਂ ਨੇ। ਨਾਗਰਿਕਾਂ ਅੰਦਰ ਦੇਸ਼ ਭਗਤੀ ਦੀ ਭਾਵਨਾ ਵਧਾਉਣ ਲਈ, 15 ਅਗਸਤ ਤੱਕ ਇਹ ਮੁਹਿੰਮ ਚਲਾਈ ਜਾ ਰਹੀ ਏ। ਇਸ ਪਹਿਲਕਦਮੀ ਤਹਿਤ, ਸਰਕਾਰ ਨੇ ਲੋਕਾਂ ਨੂੰ ਆਪਣੇ ਘਰਾਂ 'ਤੇ ਤਿਰੰਗਾ ਲਹਿਰਾਉਣ ਤੇ ਤਿਰੰਗੇ ਨਾਲ ਸੈਲਫੀ ਲੈਣ ਅਤੇ ਹਰ ਘਰ ਤਿਰੰਗਾ ਦੀ ਵੈੱਬਸਾਈਟ 'ਤੇ ਅਪਲੋਡ ਕਰਨ ਦੀ ਅਪੀਲ ਕੀਤੀ ਏ। ਇਸ ਮੁਹਿੰਮ ਦੇ ਹਿੱਸੇ ਵਜੋਂ, ਅੱਜ ਸਵੇਰੇ ਨਵੀਂ ਦਿੱਲੀ ਦੇ ਭਾਰਤ ਮੰਡਪਮ ਤੋਂ ਹਰ ਘਰ ਤਿਰੰਗਾ ਬਾਈਕ ਰੈਲੀ ਨੂੰ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ, ਰਾਮ ਮੋਹਨ ਨਾਇਡੂ ਕਿੰਜਰਾਪੂ, ਕਿਰਨ ਰਿਜਿਜੂ ਅਤੇ ਮਨਸੁਖ ਮਾਂਡਵੀਆ ਵੀ ਇਸ ਮੌਕੇ ਮੌਜੂਦ ਰਹੇ। ਇਹ ਰੈਲੀ ਮੇਜਰ ਧਿਆਨ ਚੰਦ ਨੈਸ਼ਨਲ ਸਟੇਡੀਅਮ ਵਿਖੇ ਸਮਾਪਤ ਹੋਈ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਹਰ ਘਰ ਤਿਰੰਗਾ ਮੁਹਿੰਮ ਦੇਸ਼ ਦੀ ਆਜ਼ਾਦੀ, ਗੌਰਵ ਅਤੇ ਵਿਕਸਤ ਭਾਰਤ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਏ। ਕੇਂਦਰੀ ਸੱਭਿਆਚਾਰ ਮਾਮਲੇ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਕਿ ਤਿਰੰਗਾ ਭਾਰਤ ਦੀ ਸ਼ਾਨ ਏ ਜਿਹੜਾ ਦੇਸ਼ ਨੂੰ ਇੱਕ ਰੂਪ ਵਿੱਚ ਜੋੜਦਾ ਏ।

-----------------------------------------------------------------

ਏਧਰ ਸੀ.ਆਰ.ਪੀ.ਐਫ ਦੇ ਜਵਾਨਾਂ ਨੇ, "ਹਰ ਘਰ ਤਿਰੰਗਾ" ਮੁਹਿੰਮ ਤਹਿਤ ਕਪੂਰਥਲਾ 'ਚ ਤਿਰੰਗਾ ਯਾਤਰਾ ਕੱਢੀ, ਜਿਸ 'ਚ ਵੱਡੀ ਗਿਣਤੀ 'ਚ ਸੀ.ਆਰ.ਪੀ.ਐਫ ਦੇ ਜਵਾਨਾਂ ਅਤੇ ਲੋਕਾਂ ਨੇ ਹਿੱਸਾ ਲਿਆ । 245 ਬਟਾਲੀਅਨ ਦੇ ਕਮਾਂਡੈਂਟ ਬ੍ਰਿਜ ਲਾਲ ਨੇ, ਯਾਤਰਾ ਦੀ ਅਗਵਾਈ ਕੀਤੀ ਅਤੇ ਇਹ CRPF ਕੈਂਪਸ ਤੋਂ ਸ਼ੁਰੂ ਹੋ ਕੇ ਅੰਮ੍ਰਿਤਸਰ ਰੋਡ ਤੋਂ ਸੱਤਿਆ-ਨਾਰਾਇਣ ਬਾਜ਼ਾਰ, ਸ਼ਹੀਦ ਭਗਤ ਸਿੰਘ ਚੌਕ, ਮਾਲ ਰੋਡ ਤੋਂ ਹੁੰਦੀ ਹੋਈ ਡੀ ਸੀ ਚੌਕ ਪਹੁੰਚੀ । ਜਵਾਨਾਂ ਨੇ ਭਾਰਤ ਮਾਤਾ ਦੀ ਜੈ ਦੇ ਨਾਅਰੇ ਲਗਾਏ ਅਤੇ ਸ਼ਹਿਰ ਦੇ ਕਈ ਪਤਵੰਤੇ ਵੀ ਉਨ੍ਹਾਂ ਨਾਲ ਭਾਰਤ ਮਾਤਾ ਦਾ ਗੁਣਗਾਨ ਕਰਦੇ ਹੋਏ, ਇਸ ਯਾਤਰਾ ਵਿੱਚ ਸ਼ਾਮਲ ਹੋਏ । ਕਮਾਂਡੈਂਟ ਬ੍ਰਿਜ ਲਾਲ ਨੇ ਕਿਹਾ ਕਿ ਉਨ੍ਹਾਂ ਦੀ ਫੇਰੀ ਦਾ ਮਕਸਦ ਕਪੂਰਥਲਾ ਵਾਸੀਆਂ ਨੂੰ ਝੰਡੇ ਪ੍ਰਤੀ ਜਾਗਰੂਕ ਕਰਨਾ ਰਿਹਾ। ਇਸ ਮੌਕੇ BJP ਆਗੂ ਡਾ: ਅਨੁਰਾਗ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼, ਦੇਸ਼ ਦੇ ਇਨ੍ਹਾਂ ਸੈਨਿਕਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣਾ ਏ ।

-----------------------------------------------------------------

ਉਧਰ 114 ਰੈਪਿਡ ਐਕਸ਼ਨ ਫੋਰਸ ਨੇ, "ਹਰ ਘਰ ਤਿਰੰਗਾ" ਮੁਹਿੰਮ

ਤਹਿਤ ਜਲੰਧਰ ਦੇ ਲਿੱਧੜਾਂ ਅਤੇ ਸੁਰਾਨੁੱਸੀ ਵਿਖੇ, ਅੱਜ ਇੱਕ ਪੈਦਲ ਯਾਤਰਾ ਦਾ ਕੱਢੀ। ਇਸ ਯਾਤਰਾ ਦੀ ਅਗਵਾਈ ਕਮਾਂਡੈਂਟ ਅਸ਼ਵਨੀ ਕੁਮਾਰ ਝਾਅ ਨੇ ਕੀਤੀ । ਪੈਦਲ ਯਾਤਰਾ ਦੌਰਾਨ ਸਥਾਨਕ ਲੋਕਾਂ ਨੂੰ ਤਿਰੰਗਾ ਵੰਡਿਆ ਗਿਆ ਅਤੇ ਆਜ਼ਾਦੀ ਸੰਗਰਾਮ ਦੇ ਬਹਾਦਰ ਸ਼ਹੀਦਾਂ ਨੂੰ ਵੀ ਚੇਤੇ ਕੀਤਾ ਗਿਆ । ਇਸ ਪ੍ਰੋਗਰਾਮ ਵਿੱਚ ਲੋਕਾਂ ਨੂੰ ਦੇਸ਼ ਭਗਤੀ ਦੀ ਭਾਵਨਾ ਤੋਂ ਜਾਣੂ ਕਰਵਾਇਆ ਗਿਆ ਅਤੇ ਤਿਰੰਗੇ ਦੀ ਮਹੱਤਤਾ ਬਾਰੇ ਦੱਸਿਆ ਗਿਆ । ਪ੍ਰੋਗਰਾਮ ਦੌਰਾਨ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ 25 ਅਗਸਤ ਨੂੰ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਰਾਹੀਂ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਇਸ ਮਹੀਨੇਵਾਰ ਰੇਡੀਓ ਪ੍ਰੋਗਰਾਮ ਦਾ 113ਵਾਂ ਐਪੀਸੋਡ ਹੋਵੇਗਾ । ਪ੍ਰਧਾਨ ਮੰਤਰੀ ਦਫਤਰ ਨੇ ਇਸ ਪ੍ਰੋਗਰਾਮ ਲਈ ਲੋਕਾਂ ਤੋਂ ਵਿਚਾਰ ਅਤੇ ਸੁਝਾਅ ਮੰਗੇ ਨੇ। ਇਹ ਸੁਝਾਅ ਟੋਲ ਫਰੀ ਨੰਬਰ - 1800 11 7800 'ਤੇ ਦਿੱਤੇ ਜਾ ਸਕਦੇ ਨੇ । ਇਸ ਤੋਂ ਅਲਾਵਾ ਨਰੇਂਦਰ ਮੋਦੀ ਐਪ ਜਾਂ My Gov ਓਪਨ ਫੋਰਮ 'ਤੇ ਵੀ ਲੋਕ ਆਪਣੇ ਵਿਚਾਰ ਸਾਂਝੇ ਕਰ ਸਕਦੇ ਨੇ। ਇਹ ਵਿਚਾਰ ਅਤੇ ਸੁਝਾਅ 23 ਅਗਸਤ ਤੱਕ ਭੇਜੇ ਜਾ ਸਕਦੇ ਨੇ।

---------------------------------------------------------------------

ਭਾਰਤੀ ਫੌਜ਼ ਦੀ ਪੱਛਮੀ ਕਮਾਂਡ ਨੇ, ਸੈਂਟਰ ਫਾਰ ਲੈਂਡ ਵਾਰਫੇਅਰ ਸਟੱਡੀਜ਼ ਨਵੀਂ ਦਿੱਲੀ ਦੇ ਸਹਿਯੋਗ ਨਾਲ 'ਬੈਟਲ-ਫੀਲਡ ਸਫਲਤਾਵਾਂ: ਜਿੱਤ ਲਈ ਤਕਨਾਲੋਜੀ ਦੀ ਵਰਤੋਂ' ਵਿਸ਼ੇ 'ਤੇ ਅੱਜ ਚੰਡੀਮੰਦਰ ਮਿਲਟਰੀ ਸਟੇਸ਼ਨ ਵਿਖੇ ਇੱਕ ਬਹੁਤ ਹੀ ਪ੍ਰਸੰਗਿਕ ਅਤੇ ਮਹੱਤਵਪੂਰਨ ਸੈਮੀਨਾਰ ਦਾ ਪ੍ਰਬੰਧ ਕੀਤਾ। ਇਸ ਮੌਕੇ ਵੱਖ-ਵੱਖ ਮਾਹਿਰਾਂ ਨੇ, ਭਾਰਤੀ ਫੌਜ ਨੂੰ ਜੰਗ ਵਿੱਚ ਤਕਨੀਕ ਨਾਲ ਤਾਲਮੇਲ ਰੱਖਣ ਦੀ ਜਰੂਰਤ 'ਤੇ ਜ਼ੋਰ ਦਿੱਤਾ। ਮੁੱਖ ਬੁਲਾਰੇ ਸਾਬਕਾ ਥਲ ਸੈਨਾ ਮੁਖੀ, ਜਨਰਲ ਮਨੋਜ ਪਾਂਡੇ ਨੇ ਜੰਗ ਦੇ ਮੈਦਾਨ ਵਿੱਚ ਚੁਣੌਤੀਆਂ ਨੂੰ ਸਮਝਣ ਲਈ ਇੱਕ ਸਮੂਹਿਕ ਪਹੁੰਚ ਅਪਣਾਉਣ ਅਤੇ ਉਨ੍ਹਾਂ ਦਾ ਮੁਕਾਬਲਾ ਕਰਨ ਲਈ ਤਕਨਾਲੋਜੀ ਤੇ ਸਿਖਲਾਈ ਦੀ ਵਰਤੋਂ ਦੀ ਜਰੂਰਤ ਦੱਸੀ। ਪੱਛਮੀ ਕਮਾਂਡ ਦੇ GOC- ਇਨ- ਸੀ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਕਿਹਾ ਕਿ ਫੌਜ ਨੂੰ ਹੋਰ ਸਮਰੱਥ ਬਣਨ ਦੀ ਕੋਸ਼ਿਸ਼ ਕਰਨੀ ਚਾਹੀਦੀ ਏ। ਉਨ੍ਹਾਂ ਅਧਿਕਾਰੀਆਂ ਨੂੰ ਟੈਕਨਾਲੋਜੀ ਖੇਤਰ ਵਿੱਚ ਡੂੰਘਾਈ ਨਾਲ ਖੋਜ ਕਰਨ ਅਤੇ ਨਵੀਂ ਪੀੜ੍ਹੀ ਦੀਆਂ ਜੰਗੀ ਚੁਣੌਤੀਆਂ ਨਾਲ ਨਜਿੱਠਣ ਲਈ ਨਵੀਆਂ ਖੋਜਾਂ ਕਰਨ ਦੀ ਅਪੀਲ ਕੀਤੀ। ਪਹਿਲੇ ਦੋ

ਸੈਸ਼ਨ ਚੱਲ ਰਹੇ ਆਲਮੀ ਟਕਰਾਅ ਨੂੰ ਰੂਪ ਦੇਣ ਵਾਲੇ ਤਕਨਾਲੋਜੀ ਕਾਰਕਾਂ 'ਤੇ ਕੇਂਦਰਿਤ ਰਹੇ।

------------------------------------------------------------

ਬੰਗਲਾਦੇਸ਼ ਵਿਚ ਹਿੰਦੂਆਂ ਦੇ ਕਤਲ ਦੇ ਵਿਰੋਧ 'ਚ, ਫਤਹਿਗੜ੍ਹ ਸਾਹਿਬ ਜ਼ਿਲੇ ਦੀ ਸਰਹਿੰਦ ਮੰਡੀ 'ਚ ਹਿੰਦੂ ਸਿੱਖ ਭਾਈਚਾਰੇ ਦੇ ਲੋਕਾਂ ਨੇ, ਸਮਾਜ ਸੇਵੀ ਸੰਸਥਾਵਾਂ ਅਤੇ ਧਾਰਮਿਕ ਸੰਸਥਾਵਾਂ ਨਾਲ ਮਿਲ ਕੇ ਬੰਗਲਾਦੇਸ਼ ਸਰਕਾਰ ਖਿਲਾਫ ਸ਼੍ਰੀ ਹਨੂੰਮਾਨ ਸੇਵਾ  ਦਲ ਦੇ ਦਫਤਰ ਤੋਂ ਅੱਜ ਰੋਸ ਮਾਰਚ ਕੱਢਿਆ ਜਿਹੜਾ ਕਿ ਸਰਹਿੰਦ ਮੰਡੀ ਦੇ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ, ਸ਼੍ਰੀ ਹਨੂੰਮਾਨ ਸੇਵਾ ਦਲ ਦੇ ਦਫ਼ਤਰ ਵਿਖੇ ਸਮਾਪਤ ਹੋਇਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸ਼੍ਰੀ ਹਨੂੰਮਾਨ ਸੇਵਾ ਦਲ ਦੇ ਪ੍ਰਧਾਨ ਸ਼ਸ਼ੀ ਉੱਪਲ ਨੇ ਕਿਹਾ ਕਿ ਬੰਗਲਾਦੇਸ਼ ਵਿੱਚ ਪਿਛਲੇ ਕੁਝ ਦਿਨਾਂ ਤੋਂ, ਹਿੰਦੂਆਂ ਨੂੰ ਮਾਰਿਆ ਜਾ ਰਿਹਾ ਏ, ਜਿਸ ਕਾਰਨ ਦੁਨੀਆ ਭਰ ਦੇ ਹਿੰਦੂਆਂ ਵਿੱਚ ਗੁੱਸੇ ਦਾ ਮਾਹੌਲ ਏ। ਇਸ ਰੋਸ ਮਾਰਚ ਵਿਚ, ਉਨ੍ਹਾਂ ਨੇ ਬੰਗਲਾਦੇਸ਼ ਖਿਲਾਫ ਆਪਣਾ ਰੋਸ ਜ਼ਾਹਰ ਕਰਦਿਆਂ ਕਿਹਾ, ਕਿ ਬੰਗਲਾਦੇਸ਼ ਦੇ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਮੁਸਲਮਾਨ ਨੇ, ਪਰ ਕਿਸੇ ਵੀ ਮੁਸਲਿਮ ਦੇਸ਼ ਨੇ ਉਨ੍ਹਾਂ ਨੂੰ ਪਨਾਹ ਨਹੀਂ ਦਿੱਤੀ ਏ।

------------------------------------------------------------

ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਮੋਹਰੀ ਯੂਨੀਵਰਸਿਟੀਆਂ ਵਿੱਚੋਂ ਇੱਕ ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਨੇ "ਨੈਸ਼ਨਲ ਇੰਸਟੀਚਿਊਸ਼ਨਲ ਰੈਂਕਿੰਗ ਫਰੇਮ ਵਰਕ NIRF -ਇੰਡੀਆ ਰੈਂਕਿੰਗਜ਼ 2024' ਦੀ 'ਯੂਨੀਵਰਸਿਟੀ ਸ਼੍ਰੇਣੀ' ਵਿੱਚ 83ਵਾਂ ਸਥਾਨ ਪ੍ਰਾਪਤ ਕੀਤਾ ਏ। ਯੂਨੀਵਰਸਿਟੀ ਨੇ ਪਿਛਲੇ ਸਾਲ ਦੇ 100ਵੇਂ ਰੈਂਕ ਦੇ ਮੁਕਾਬਲੇ, ਇਸ ਸਾਲ ਆਪਣੇ ਰੈਂਕ ਵਿੱਚ 17 ਸਥਾਨਾਂ ਦਾ ਸੁਧਾਰ ਕੀਤਾ ਏ ਅਤੇ ਰੈਂਕਿੰਗਜ਼ ਦੀ "ਫਾਰਮੇਸੀ ਸ਼੍ਰੇਣੀ" ਵਿੱਚ 23ਵਾਂ ਰੈਂਕ ਪ੍ਰਾਪਤ ਕਰਕੇ, ਇੱਕ ਹੋਰ ਮੀਲ ਪੱਥਰ ਹਾਸਲ ਕੀਤਾ ਏ। ਯੂਨੀਵਰਸਿਟੀ ਨੂੰ ਪਿਛਲੇ ਛੇ ਸਾਲਾਂ ਵਿੱਚ, ਲਗਾਤਾਰ 6ਵੀਂ ਵਾਰ ਇਸ ਰੈਂਕਿੰਗਜ਼ ਵਿੱਚ "ਭਾਰਤ ਦੀਆਂ ਚੋਟੀ ਦੀਆਂ 100 ਯੂਨੀਵਰਸਿਟੀਆਂ" ਦੀ ਸੂਚੀ ਵਿੱਚ ਸ਼ਾਮਲ ਹੋਣ ਦਾ ਮਾਣ ਪ੍ਰਾਪਤ ਹੋਇਆ ਏ। ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੇ, ਯੂਨੀਵਰਸਿਟੀ ਦੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਸਾਰੇ ਅਧਿਆਪਕਾਂ, ਅਧਿਕਾਰੀਆਂ, ਸਟਾਫ਼ ਮੈਂਬਰਾਂ, ਖੋਜਾਰਥੀਆਂ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਪ੍ਰਾਪਤੀ ਵਿੱਚ ਯੋਗਦਾਨ ਪਾਉਣ ਲਈ ਵਧਾਈ ਦਿੱਤੀ। ਉਨ੍ਹਾਂ ਫਾਰਮਾ-ਸਿਊਟੀਕਲ ਸਾਇੰਸਜ਼ ਐਂਡ ਨੈਚੁਰਲ ਪ੍ਰੋਡਕਟਸ ਵਿਭਾਗ ਅਤੇ ਫਾਰਮਕੋ-ਲੋਜੀ ਵਿਭਾਗ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਜਿਨ੍ਹਾਂ ਸਦਕਾ ਯੂਨੀਵਰਸਿਟੀ ਦੀ 'ਫਾਰਮੇਸੀ ਸ਼੍ਰੇਣੀ' ਵਿੱਚ ਲਗਾਤਾਰ ਤੀਜੀ ਵਾਰ ਚੋਟੀ

ਦੀਆਂ 25 ਫਾਰਮੇਸੀ ਸੰਸਥਾਵਾਂ ਵਿੱਚੋਂ ਸਥਾਨ ਹਾਸਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਏ। ਪ੍ਰੋ. ਤਿਵਾਰੀ ਨੇ ਅੱਗੇ ਆਉਣ ਵਾਲੇ ਸਾਲਾਂ ਵਿੱਚ ਇਸ ਰੈਂਕਿੰਗਜ਼ ਦੇ ਸਾਰੇ ਮਾਪਦੰਡਾਂ ਵਿੱਚ ਯੂਨੀਵਰਸਿਟੀ ਦੇ ਪ੍ਰਦਰਸ਼ਨ ਵਿੱਚ ਸੁਧਾਰ ਕਰਨ ਤੇ ਜ਼ੋਰ ਦਿੱਤਾ ਅਤੇ ਸਾਰਿਆਂ ਨੂੰ ਭਵਿੱਖ ਵਿੱਚ ਬਿਹਤਰ ਪ੍ਰਦਰਸ਼ਨ ਲਈ ਨਵੇਂ ਜੋਸ਼ ਨਾਲ ਕੰਮ ਕਰਨ ਦੀ ਅਪੀਲ ਕੀਤੀ।

---------------------------------------------------------------

ਆਜ਼ਾਦੀ ਦਿਵਸ ਤੋਂ ਪਹਿਲਾਂ ਜਾਰੀ 'ਹਾਈ ਅਲਰਟ' ਵਿਚਾਲੇ ਸੀਮਾ ਸੁਰੱਖਿਆ ਬਲ ਨੇ, ਪੰਜਾਬ ਸਰਹੱਦ ਤੋਂ ਭਾਰਤ ਵਿੱਚ ਘੁਸਪੈਠ ਕਰਨ ਦੀ ਕੋਸ਼ਿਸ਼ ਕਰ ਰਹੇ, ਇੱਕ ਸ਼ੱਕੀ ਪਾਕਿਸਤਾਨੀ ਘੁਸਪੈਠੀਏ ਨੂੰ ਢੇਰ ਕਰ ਦਿੱਤਾ। ਬਲ ਦੇ ਇਕ ਬੁਲਾਰੇ ਨੇ ਦੱਸਿਆ ਕਿ ਇਸ ਘੁਸਪੈਠੀਏ ਨੂੰ, ਬੀਤੀ ਰਾਤ ਕਰੀਬ ਸਾਢੇ 8 ਵਜੇ ਤਰਨਤਾਰਨ ਜ਼ਿਲੇ ਦੇ ਪਿੰਡ ਡੱਲ 'ਚ, ਕੌਮਾਂਤਰੀ ਸਰਹੱਦ ਗੁਪਤ ਤਰੀਕੇ ਨਾਲ ਪਾਰ ਕਰਦੇ ਹੋਏ ਅਤੇ ਸਰਹੱਦੀ ਵਾੜ ਕੋਲ ਆਉਂਦੇ ਦੇਖਿਆ ਗਿਆ। ਬੁਲਾਰੇ ਨੇ ਦੱਸਿਆ ਕਿ ਡਿਊਟੀ 'ਤੇ ਮੌਜੂਦ ਜਵਾਨਾਂ ਨੇ ਘੁਸਪੈਠੀਏ ਨੂੰ ਚੇਤਾਵਨੀ ਦਿੱਤੀ ਪਰ ਉਹ ਨਹੀਂ ਰੁਕਿਆ ਅਤੇ ਸਰਹੱਦੀ ਸੁਰੱਖਿਆ ਵਾੜ ਵੱਲ ਵਧਦਾ ਰਿਹਾ। ਇਸ ਤੇ BOP ਬਾਬਾ ਪੀਰ ਚੌਕੀ ਵਿਖੇ ਤਾਇਨਾਤ ਜਵਾਨਾਂ ਨੇ

ਘੁਸਪੈਠੀਏ ਵਲ ਗੋਲੀ ਚਲਾਈ ਅਤੇ ਮਗਰੋਂ ਘੁਸਪੈਠੀਏ ਦੀ ਲਾਸ਼ ਬਰਾਮਦ ਕੀਤੀ। ਭਿੱਖੀਵਿੰਡ ਸਬ ਡਵੀਜ਼ਨ ਦੇ ਡੀ ਐਸ ਪੀ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਥਾਣਾ ਖਾਲੜਾ ਦੀ ਪੁਲੀਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਏ। ਉਨ੍ਹਾਂ ਕਿਹਾ ਕਿ ਮਾਰੇ ਗਏ ਪਾਕਿਸਤਾਨੀ ਘੁਸਪੈਠੀਏ ਕੋਲੋਂ ਕੋਈ ਇਤਰਾਜ਼ਯੋਗ ਵਸਤੂ ਬਰਾਮਦ ਨਹੀਂ ਹੋਈ ਅਤੇ ਨਾ ਹੀ ਮ੍ਰਿਤਕ ਦੀ ਪਛਾਣ ਹੋ ਸਕੀ ਏ।

---------------------------------------------------------------

ਪੰਜਾਬ ਸਰਕਾਰ ਵੱਲੋ ਸ਼ੁਰੂ ਕੀਤੀ "ਹਰ ਮਨੁੱਖ,ਲਗਾਏ ਇੱਕ ਰੁੱਖ ਅਤੇ ਹਰੇਕ ਟਿਊਬਵੈੱਲ ਤੇ ਪੰਜ ਰੁੱਖ" ਵਿਸੇਸ਼ ਮੁਹਿੰਮ ਤਹਿਤ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵਲੋਂ ਗੁਰਬਾਣੀ ਦੇ ਮਹਾਂ ਵਾਕ "ਬਲਿਹਾਰੀ ਕੁਦਰਿਤ ਵਸਿਆ"ਨੂੰ ਸਮਰਪਿਤ ਵਣ ਮਹਾਂਉਤਸਵ ਮਨਾਉਣ ਮੌਕੇ ਪਿੰਡ ਬੀੜ ਭੋਲੂਵਾਲ ਦੇ ਅਗਾਂਹਵਧੂ ਕਿਸਾਨਾਂ ਦੇ ਸਹਿਯੋਗ ਨਾਲ ਟਿਊਬਵੈਲਾਂ ਉਪਰ ਛਾਂਦਾਰ ਬੂਟੇ ਲਗਾਏ ਗਏ।